# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 12-10-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ**

- ਅਫ਼ਗਾਨ ਤਾਲਿਬਾਨ ਨੇ ਸਰਹੱਦ ਪਾਰ ਹਮਲਿਆਂ ਦੀ ਜ਼ਿੰਮੇਵਾਰੀ ਲਈ ਏ ਜਿਹਨਾਂ ਵਿੱਚ 58 ਪਾਕਿਸਤਾਨੀ ਫੌਜੀ ਮਾਰੇ ਗਏ ਸਨ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਨੂੰ ਦੇਸ਼ ਅਤੇ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਬਰਾਬਰ ਦੇ ਭਾਈਵਾਲ ਬਣਾਉਣ ਲਈ ਓਹਨਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਾਉਣ ਦੀ ਲੋੜ ‘ਤੇ ਜੋਰ ਦਿੱਤਾ ਏ.
- ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਰਾਜ ਪੱਧਰੀ ਸਮਾਗਮ ਦੌਰਾਨ ਪਲਸ ਪੋਲੀਓ ਰਾਊਂਡ ਦਾ ਆਗਾਜ਼ .
- ਅੱਜ ਵਿਸ਼ਵ ਗਠੀਆ ਦਿਵਸ ਏ । ਇਹ ਦਿਨ ਗਠੀਆ ਰੋਗ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ.

- ਮਰਦਾਂ ਦੇ ਜੂਨੀਅਰ ਸੁਲਤਾਨ ਜੋਹੋਰ ਕੱਪ ਹਾਕੀ 2025 ਵਿੱਚ, ਭਾਰਤ ਨੇ ਅੱਜ ਨਿਊਜ਼ੀਲੈਂਡ ਨੂੰ 4-2 ਨਾਲ ਹਰਾਇਆ।

**ਹੁਣ ਖਬਰਾਂ ਵਿਸਥਾਰ ਨਾਲ**

ਅਫ਼ਗਾਨ ਤਾਲਿਬਾਨ ਨੇ ਸਰਹੱਦ ਪਾਰ ਹਮਲਿਆਂ ਦੀ ਜ਼ਿੰਮੇਵਾਰੀ ਲਈ ਏ ਜਿਸ ਵਿੱਚ 58 ਪਾਕਿਸਤਾਨੀ ਫੌਜੀ ਮਾਰੇ ਗਏ ਨੇ. ਇਸ ਕਾਰਵਾਈ ਨੂੰ ਪਕਤਿਕਾ ਸੂਬੇ ਦੇ ਇੱਕ ਨਾਗਰਿਕ ਬਾਜ਼ਾਰ 'ਤੇ ਕਥਿਤ ਪਾਕਿਸਤਾਨੀ ਹਵਾਈ ਹਮਲੇ ਦਾ ਬਦਲਾ ਦੱਸਿਆ ਗਿਆ ਏ। ਤਾਲਿਬਾਨ ਦੇ ਬੁਲਾਰੇ ਜ਼ਬੀਹੁੱਲਾ ਮੁਜਾਹਿਦ ਨੇ ਕਿਹਾ ਕਿ ਹਮਲਿਆਂ ਵਿੱਚ ਕਈ ਸਰਹੱਦੀ ਥਾਵਾਂ ਨੂੰ ਨਿਸ਼ਾਨਾ ਬਣਾਇਆ ਗਿਆ ਏ ਅਤੇ 30 ਪਾਕਿਸਤਾਨੀ ਜਵਾਨ ਵੀ ਜ਼ਖਮੀ ਹੋਏ ਨੇ.9 ਤਾਲਿਬਾਨ ਲੜਾਕੂ ਮਾਰੇ ਗਏ ਨੇ, ਅਤੇ ਲਗਭਗ 18 ਹੋਰ ਜ਼ਖਮੀ ਹੋਏ ਨੇ. ਪਿਛਲੇ ਹਫ਼ਤੇ ਕਾਬੁਲ ਵਿੱਚ ਧਮਾਕਿਆਂ ਅਤੇ ਅਫਗਾਨਿਸਤਾਨ ਦੇ ਇਲਾਕੇ ਅੰਦਰ ਪਾਕਿਸਤਾਨ ਵੱਲੋਂ ਕਥਿਤ ਬੰਬ ਧਮਾਕੇ ਤੋਂ ਬਾਅਦ ਤਣਾਅ ਵਧ ਗਿਆ ਸੀ। ਪਾਕਿਸਤਾਨ ਨੇ ਅਫਗਾਨਿਸਤਾਨ 'ਤੇ, ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਦਹਿਸ਼ਤਗਰਦਾਂ ਨੂੰ ਪਨਾਹ ਦੇਣ ਦਾ ਇਲਜ਼ਾਮ ਲਾਇਆ ਏ ਜਿਸ ਨੂੰ ਤਾਲਿਬਾਨ ਨੇ ਨਕਾਰਿਆ ਏ।ਦੋਵਾਂ ਦੇਸ਼ਾਂ ਨੇ ਕੁਨਾਰ-KURRAM ਇਲਾਕੇ ਵਿੱਚ ਤੋਪਖਾਨੇ ਅਤੇ ਛੋਟੇ ਹਥਿਆਰਾਂ ਦੀ ਵਰਤੋਂ ਕੀਤੀ ਏ। ਸਾਊਦੀ ਅਰਬ ਅਤੇ ਕਤਰ ਸਮੇਤ ਖੇਤਰੀ ਦੇਸ਼ਾਂ ਨੇ ਦੋਵਾਂ ਦੇਸ਼ਾਂ ਨੂੰ

ਸੰਜਮ ਵਰਤਣ ਅਤੇ ਗੱਲਬਾਤ ਰਾਹੀਂ ਤਣਾਅ ਦਾ ਹੱਲ ਲਭਣ ਦੀ ਅਪੀਲ ਕੀਤੀ ਏ।

---------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਾਉਣ ਦੀ ਲੋੜ 'ਤੇ ਜੋਰ ਦਿੱਤਾ ਤਾਂ ਜੋ ਉਨ੍ਹਾਂ ਨੂੰ ਦੇਸ਼ ਅਤੇ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਬਰਾਬਰ ਦੇ ਭਾਈਵਾਲ ਬਣਾਇਆ ਜਾ ਸਕੇ। ਐਸ.ਡੀ. ਕਾਲਜ, ਬਰਨਾਲਾ ਵਿਖੇ ਕਰਵਾਏ ਗਏ ਖੇਤਰੀ ਯੁਵਕ ਮੇਲੇ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਸਹੀਦ ਭਗਤ ਸਿੰਘ ਅਤੇ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਹੋਰ ਇਨਕਲਾਬੀ ਨਾਇਕਾਂ ਤੋਂ ਪ੍ਰੇਰਨਾ ਲੈਣ ਲਈ ਕਿਹਾ। ਉਨ੍ਹਾਂ ਕਿਹਾ ਕਿ ਇਨ੍ਹਾਂ ਨੌਜਵਾਨ ਨਾਇਕਾਂ ਦੇ ਆਦਰਸ਼ ਤੇ ਕੁਰਬਾਨੀਆਂ, ਅੱਜ ਦੇ ਨੌਜਵਾਨਾਂ ਨੂੰ ਦੇਸ ਦੀ ਨਿਰਸਵਾਰਥ ਸੇਵਾ ਵਾਸਤੇ ਪ੍ਰੇਰਿਤ ਕਰਨ ਲਈ ਮਾਰਗਦਰਸ਼ਕ ਵਜੋਂ ਕੰਮ ਕਰਦੀਆਂ ਨੇ। ਉਨਾਂ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ ਇੱਕ ਪਾਸੇ ਨੌਜਵਾਨਾਂ ਨੂੰ ਨੌਕਰੀਆਂ ਪ੍ਰਦਾਨ ਕਰਨ ਲਈ ਬੇਮਿਸਾਲ ਕਦਮ

ਚੁੱਕੇ ਗਏ ਨੇ, ਉਥੇ ਦੂਜੇ ਪਾਸੇ ਉਨ੍ਹਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਾਉਣ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਨੇ।

-----------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਫਤਹਿਗੜ੍ਹ ਸਾਹਿਬ ਦੇ ਪਿੰਡ ਚਨਾਰਥਲ ਕਲਾਂ ਦੇ ਕਮਿਊਨਿਟੀ ਸਿਹਤ ਕੇਂਦਰ ਵਿਖੇ ਰਾਜ ਪੱਧਰੀ ਸਮਾਗਮ ਦੌਰਾਨ ਪਲਸ ਪੋਲੀਓ ਰਾਊਂਡ ਦੀ ਰਸਮੀ ਸ਼ੁਰੂਆਤ ਕੀਤੀ। ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਕਿਹਾ ਕਿ ਸੂਬੇ ਦੇ 13 ਜ਼ਿਲ੍ਹਿਆਂ ਵਿੱਚ ਚਲਾਈ ਜਾਣ ਵਾਲੀ ਇਸ ਤਿੰਨ ਰੋਜ਼ਾ ਮੁਹਿੰਮ ਤਹਿਤ 5 ਸਾਲ ਤਕ ਦੀ ਉਮਰ ਦੇ ਲਗਭਗ 16 ਲੱਖ ਬੱਚਿਆਂ ਨੂੰ ਜੀਵਨ ਰੱਖਿਅਕ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਭਾਵੇਂ ਕਿ ਪਿਛਲੇ 15 ਸਾਲਾਂ ਤੋਂ ਪੰਜਾਬ ਅੰਦਰ ਪੋਲੀਓ ਦਾ ਇੱਕ ਵੀ ਕੇਸ ਨਹੀਂ ਆਇਆ ਏ ਪਰ ਸਾਡੇ ਗੁਆਂਢੀ ਦੇਸ਼ ਪਾਕਿਸਤਾਨ ਅਤੇ ਅਫਗਾਨਿਸਤਾਨ ਵਿੱਚ ਪੋਲੀਓ ਦੀ ਬੀਮਾਰੀ ਹੋਣ ਕਾਰਨ ਪੰਜਾਬ ਸਰਕਾਰ ਵੱਲੋਂ ਬੱਚਿਆਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪਲਸ ਪੋਲੀਓ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਏ। ਉਨ੍ਹਾਂ ਇਹ ਵੀ ਕਿਹਾ ਕਿ ਰੰਗਲਾ ਪੰਜਾਬ ਬਣਾਉਣ ਦੇ ਸੁਪਨੇ ਨੂੰ ਤਾਂ ਹੀ ਪੂਰਾ ਕੀਤਾ

ਜਾ ਸਕਦਾ ਏ ਜੇਕਰ ਹਰੇਕ ਬੱਚੇ ਨੂੰ ਨਾ-ਮੁਰਾਦ ਬੀਮਾਰਿਆਂ ਤੋਂ ਬਚਾਉਣ ਲਈ ਲੋੜੀਂਦੀ ਵੈਕਸੀਨੇਸ਼ਨ ਦਿੱਤੀ ਜਾਵੇ। ਸਿਹਤ ਮੰਤਰੀ ਨੇ ਕਿਹਾ ਕਿ ਸਿਹਤ ਵਿਭਾਗ ਵਿੱਚ ਡਾਕਟਰਾਂ ਦੀ ਕਮੀ ਨੂੰ ਪੂਰਾ ਕਰਨ ਲਈ ਜਿਸ ਤਰ੍ਹਾਂ 1 ਹਜ਼ਾਰ ਨਵੇਂ ਡਾਕਟਰ ਭਰਤੀ ਕੀਤੇ ਗਏ ਨੇ ਉਸੇ ਤਰ੍ਹਾਂ ਨਵੰਬਰ ਵਿੱਚ 500 ਅਤੇ ਦਸੰਬਰ ਵਿੱਚ ਵੀ 500 ਨਰਸਾਂ ਭਰਤੀ ਹੋਣਗੀਆਂ। ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਲੋਕਾਂ ਦਾ ਅਲਟਰਾਸਾਊਂਡ ਕਰਨ ਲਈ ਵਿਆਪਕ ਯੋਜਨਾ ਉਲੀਕੀ ਜਾ ਰਹੀ ਏ ਜਿਸ ਤਹਿਤ ਪਿੰਡਾਂ ਦੇ ਕਲਸਟਰ ਬਣਾ ਕੇ ਵੈਨ ਰਾਹੀਂ ਲੋਕਾਂ ਦਾ ਮੁਫਤ ਅਲਟਰਾ ਸਾਊਂਡ ਟੈਸਟ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਦਸੰਬਰ ਮਹੀਨੇ ਤੋਂ ਸੂਬੇ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਵਾਲਾ ਕਾਰਡ ਦਿੱਤਾ ਜਾਵੇਗਾ ਜਿਸ ਨਾਲ ਲੋਕਾਂ ਨੂੰ ਪ੍ਰਾਈਵੇਟ ਅਤੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਇਲਾਜ ਦੀ ਸਹੂਲਤ ਮਿਲੇਗੀ।

---------------------------------------------------------------------

ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਬਾਰੇ ਕੇਂਦਰੀ ਰਾਜ ਮੰਤਰੀ ਸ਼੍ਰੀਮਤੀ ਨਿਮੂਬੇਨ ਜਯੰਤੀਭਾਈ ਬਾਂਭਨੀਆ ਪੰਜਾਬ ਦੇ ਲੁਧਿਆਣਾ ਜ਼ਿਲੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਨਿਰੀਖਣ ਕਰਨ ਲਈ

2 ਦਿਨਾਂ ਦੇ ਸਰਕਾਰੀ ਦੌਰੇ 'ਤੇ ਨੇ. ਅੱਜ, ਉਨ੍ਹਾਂ ਨੇ ਰਾਹਤ ਅਤੇ ਮੁੜ ਵਸੇਬਾ ਕੰਮਾਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। ਮੰਤਰੀ ਨੇ ਹੜ੍ਹ ਰਾਹਤ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਓਹਨਾਂ ਨੂੰ ਘਰਾਂ, ਖੇਤਾਂ ਅਤੇ ਪਸ਼ੂਆਂ ਦੀ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਨੁਕਸਾਨ ਦਾ ਮੁਲੰਕਣ ਕਰਨ ਲਈ ਜ਼ਰੂਰੀ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਆਪਣਾ ਚੰਗਾ ਕੰਮ ਜਾਰੀ ਰੱਖਣ ਅਤੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਲਈ ਹੱਲ੍ਹਾਸ਼ੇਰੀ ਦਿੱਤੀ।

---------------------------------------------------------------------

ਹੜ੍ਹ ਪ੍ਰਭਾਵਿਤ ਸੂਬੇ ਦੀ ਮਦਦ ਲਈ ਆਪਣੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਏ ਕਿ ਆਸਟਰੇਲੀਆ ਅਤੇ ਨਿਊਜ਼ੀਲੈਂਡ ਤੋਂ ਪਰਵਾਸੀ ਭਾਰਤੀਆਂ ਨੇ ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਮਿਸ਼ਨ ਚੜ੍ਹਦੀਕਲਾ ਨੂੰ ਪੂਰੀ ਹਮਾਇਤ ਅਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਏ । ਆਸਟਰੇਲੀਆ ਅਤੇ ਨਿਊਜ਼ੀਲੈਂਡ ਤੋਂ ਪਰਵਾਸੀ ਭਾਰਤੀਆਂ ਨਾਲ ਇੱਕ ਆਨਲਾਈਨ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਦੇਸ਼ ਨਾਲ ਪਰਵਾਸੀ ਭਾਰਤੀਆਂ ਦੇ ਮਜ਼ਬੂਤ ਭਾਵਨਾਤਮਕ ਅਤੇ ਵਿਕਾਸ ਦੇ ਰਿਸ਼ਤੇ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਪਰਵਾਸੀ ਭਾਰਤੀਆਂ ਨੇ ਸਖ਼ਤ ਮਿਹਨਤ ਅਤੇ ਲਗਨ ਨਾਲ ਬਾਹਰਲੇ ਮੁਲਕਾਂ ਵਿੱਚ ਆਪਣੀ ਪਛਾਣ ਬਣਾਈ ਏ ਪਰ ਫਿਰ ਵੀ ਉਹ ਕਦੇ ਆਪਣੀ ਮਾਤ ਭੂਮੀ ਨੂੰ ਨਹੀਂ ਭੁੱਲੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਰਵਾਸੀ ਭਾਰਤੀਆਂ ਨੇ ਹਮੇਸ਼ਾ ਆਪਣੇ ਪਿੰਡਾਂ ਅਤੇ ਸ਼ਹਿਰਾਂ ਦੇ ਵਿਕਾਸ, ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਇੱਥੋਂ ਤੱਕ ਕਿ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਕਾਇਮ ਰੱਖਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਏ। ਇਹ ਐਨ.ਆਰ.ਆਈ. ਟਾਊਨਹਾਲ ਇੱਕ ਆਨਲਾਈਨ ਗੱਲਬਾਤ ਸੈਸ਼ਨ ਹੈ, ਜੋ ਆਸਟਰੇਲੀਆ ਅਤੇ ਨਿਊਜ਼ੀਲੈਂਡ ਵਿੱਚ ਵਸਦੇ ਪਰਵਾਸੀ ਪੰਜਾਬੀਆਂ ਨੂੰ ਮਿਸ਼ਨ ਚੜ੍ਹਦੀਕਲਾ ਨਾਲ ਜੋੜਨ ਲਈ ਤਿਆਰ ਕੀਤਾ ਗਿਆ ਏ।

---

**BREAK**

**ਇਹ ਖਬਰਾਂ ਤੁਸੀਂ ਅਕਾਸ਼ਵਾਣੀ ਤੋਂ ਸੁਣ ਰਹੇ ਓ ।**

**>ਸਾਡਾ X ਹੈਂਡਲ ਏ**

**AT THE RATE AIR RNU JALANDHAR**

**>ਸਾਡਾ FACEBOOK PAGE ਏ -**

**RNU HYPHEN AIR JALANDHAR**

**ਅਤੇ**

**>YOUTUBE ਤੇ ਸਾਡਾ CHANNEL ਏ -**

**AT THE RATE AIR JALANDHAR**

---------------------------------------------------------

ਅੱਜ ਵਿਸ਼ਵ ਗਠੀਆ ਦਿਵਸ ਏ । ਇਹ ਦਿਨ ਗਠੀਆ ਰੋਗ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ. ਗਠੀਆ ਅਚਾਨਕ ਜਾਂ ਹੌਲੀ-ਹੌਲੀ ਵਿਕਸਤ ਹੋ ਸਕਦਾ ਏ । ਇਸਦੇ ਮੁੱਖ ਲੱਛਣਾਂ ਵਿੱਚ ਜੋੜਾਂ ਵਿੱਚ ਦਰਦ ਅਤੇ ਓਹਨਾਂ ਦਾ ਜਕੜਿਆ ਜਾਣਾ ਸ਼ਾਮਿਲ ਏ, ਜੋ ਕਿ ਖਾਸ ਤੌਰ 'ਤੇ ਸਵੇਰੇ ਮਹਿਸੂਸ ਹੁੰਦਾ ਏ. ਜੇਕਰ ਜੋੜ ਸੁੱਜੇ ਰਹਿੰਦੇ ਨੇ, ਤਾਂ ਸਮੱਸਿਆ ਜੋੜਾਂ ਤੱਕ ਸੀਮਿਤ ਨਹੀਂ ਏ. ਇਹ ਬਾਅਦ ਵਿੱਚ ਤੁਹਾਡੇ ਸਰੀਰ ਦੇ ਹੋਰ ਹਿੱਸਿਆਂ ਨੂੰ ਪ੍ਰਭਾਵਿਤ ਕਰ ਸਕਦੀ ਏ । ਇਸ ਲਈ, ਇਹ ਬਹੁਤ ਜ਼ਰੂਰੀ ਏ ਕਿ ਤੁਸੀਂ ਸਮੇਂ ਸਿਰ ਆਪਣੇ ਡਾਕਟਰ ਨਾਲ ਸਲਾਹ ਕਰੋ।

---------------------------------------------------------

ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਮੱਦੇਨਜ਼ਰ, ਪੰਜਾਬ ਸਰਕਾਰ ਨੇ ਕੇਂਦਰੀ ਰੇਲਵੇ ਮੰਤਰਾਲੇ ਤੋਂ ਪਵਿੱਤਰ

ਨਗਰੀ, ਸ੍ਰੀ ਅਨੰਦਪੁਰ ਸਾਹਿਬ ਲਈ ਰੇਲ ਸੇਵਾਵਾਂ ਵਿਚ ਵਾਧਾ ਕਰਨ ਦੀ ਮੰਗ ਕੀਤੀ ਏ ਤਾਂ ਜੋ ਲੱਖਾਂ ਦੀ ਗਿਣਤੀ ਵਿੱਚ ਆਉਣ ਵਾਲੀ ਸੰਗਤ ਨੂੰ ਨਿਰਵਿਘਨ ਯਾਤਰਾ ਦੀ ਸਹੂਲਤ ਪ੍ਰਦਾਨ ਕੀਤੀ ਜਾ ਸਕੇ। ਕੇਂਦਰੀ ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ, ਅਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਲਿਖੇ ਪੱਤਰ ਵਿਚ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਕਰੀਬਨ 1 ਕਰੋੜ ਤੋਂ ਵੱਧ ਸੰਗਤ ਦੇ ਆਉਣ ਦੀ ਉਮੀਦ ਏ। ਸ੍ਰੀ ਬੈਂਸ ਨੇ ਆਪਣੇ ਪੱਤਰ ਵਿੱਚ ਨਵੀਂ ਦਿੱਲੀ ਤੋਂ ਚੱਲਦੀ ਵੰਦੇ ਭਾਰਤ ਐਕਸਪ੍ਰੈਸ ਦੀਆਂ ਸੇਵਾਵਾਂ ਨੂੰ 15 ਤੋਂ 30 ਨਵੰਬਰ, 2025 ਤੱਕ ਦੁੱਗਣਾ ਕਰਨ ਦੀ ਮੰਗ ਕੀਤੀ। ਉਨ੍ਹਾਂ ਤਖ਼ਤ ਸ੍ਰੀ ਪਟਨਾ ਸਾਹਿਬ, ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ, ਸ੍ਰੀ ਅੰਮ੍ਰਿਤਸਰ ਸਾਹਿਬ ਤੇ ਹੋਰ ਪ੍ਰਮੁੱਖ ਸ਼ਹਿਰਾਂ ਤੋਂ ਵਿਸ਼ੇਸ਼ ਯਾਤਰੀ ਰੇਲਗੱਡੀਆਂ ਚਲਾਉਣ ਦੀ ਵੀ ਮੰਗ ਕੀਤੀ ਤਾਂ ਜੋ ਸੰਗਤ ਨੂੰ ਆਉਣ-ਜਾਣ ਵਿੱਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

---------------------------------------------------------

ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਨਸ਼ਿਆਂ 'ਤੇ ਨਕੇਲ ਕੱਸਣ ਲਈ ਚੱਲ ਰਹੀਆਂ ਲਗਾਤਾਰ ਕਾਰਵਾਈਆਂ

ਦੌਰਾਨ ਜਲੰਧਰ ਕਮਿਸ਼ਨਰੇਟ ਪੁਲਿਸ ਦੇ ਥਾਣਾ ਭਾਰਗੋ ਕੈਂਪ ਦੀ ਟੀਮ ਨੇ ਤਿੰਨ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 16.8 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ । ਇਸ ਬਾਰੇ ਜਾਣਕਾਰੀ ਦਿੰਦਿਆਂ, ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਥਾਣਾ ਭਾਰਗੋ ਕੈਂਪ ਦੀ ਪੁਲਿਸ ਟੀਮ ਵੱਲੋਂ ਸ਼ਹਿਰ ਵਿੱਚ ਸ਼ੱਕੀ ਵਿਅਕਤੀਆਂ ਅਤੇ ਨਸ਼ਾ ਤਸਕਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਦੌਰਾਨ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ. ਇਸ ਸਬੰਧੀ ਮੁਕੱਦਮਾ ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤਾ ਗਿਆ ਏ। ਮੁਲਜ਼ਮਾਂ ਦਾ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਜਾਰੀ ਏ.

---------------------------------------------------

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਸੂਬੇ ਨੂੰ ਬਾਲ ਭਿੱਖਿਆ ਮੁਕਤ ਬਣਾਉਣ ਲਈ ਕੋਸ਼ਿਸ਼ਾਂ ਨੂੰ ਹੋਰ ਤੇਜ਼ ਕੀਤਾ ਗਿਆ ਏ । ਇਸੇ ਸੰਦਰਭ ਵਿੱਚ ਫਰੀਦਕੋਟ ਵਿੱਚ ਭੀਖ ਮੰਗ ਰਹੇ 2 ਬੱਚਿਆਂ ਨੂੰ ਬਚਾਇਆ ਗਿਆ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਹ ਬੱਚੇ ਫਰੀਦਕੋਟ ਫਾਟਕ ਨੇੜੇ ਦੇਖੇ ਗਏ ਅਤੇ ਤੁਰੰਤ ਜ਼ਿਲ੍ਹਾ ਬਾਲ ਸੁਰੱਖਿਆ ਟੀਮ ਨੂੰ ਸੂਚਿਤ ਕੀਤਾ ਗਿਆ। ਟੀਮ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਦੋਵੇਂ

ਬੱਚਿਆਂ ਨੂੰ ਰੈਸਕਿਉ ਕਰਕੇ ਜ਼ਿਲ੍ਹਾ ਬਾਲ ਭਲਾਈ ਕਮੇਟੀ ਕੋਲ ਪੇਸ਼ ਕੀਤਾ ਗਿਆ। ਜਾਂਚ ਉਪਰੰਤ ਇਹਨਾਂ ਨੂੰ ਫਿਲਹਾਲ ਬਾਲ ਘਰ ਵਿੱਚ ਆਰਜ਼ੀ ਤੌਰ 'ਤੇ ਆਸਰਾ ਪ੍ਰਦਾਨ ਕੀਤਾ ਗਿਆ ਏ । ਡਾ. ਬਲਜੀਤ ਕੌਰ ਨੇ ਸੂਬੇ ਦੀਆਂ ਸਾਰੀਆਂ ਜ਼ਿਲ੍ਹਾ ਬਾਲ ਸੁਰੱਖਿਆ ਟੀਮਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਵੱਲੋਂ ਬਾਲ ਸੁਰੱਖਿਆ ਅਤੇ ਜੀਵਨਜੋਤ ਪ੍ਰੋਜੈਕਟ ਤਹਿਤ ਕੀਤੇ ਜਾ ਰਹੇ ਯਤਨ ਸੂਬੇ ਭਰ ਵਿੱਚ ਉਸਾਰੂ ਨਤੀਜੇ ਦੇ ਰਹੇ ਨੇ. ਉਨ੍ਹਾਂ ਨੇ ਕਿਹਾ ਕਿ ਇਹ ਟੀਮਾਂ ਸਰਕਾਰ ਦੀ ਨੀਤੀ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਨੇ.

---------------------------------------------------------

ਮਲੇਸ਼ੀਆ ਵਿੱਚ ਮਰਦਾਂ ਦੇ ਜੂਨੀਅਰ ਸੁਲਤਾਨ ਜੋਹੋਰ ਕੱਪ ਹਾਕੀ 2025 ਵਿੱਚ, ਭਾਰਤ ਨੇ ਅੱਜ ਨਿਊਜ਼ੀਲੈਂਡ ਨੂੰ 4-2 ਨਾਲ ਹਰਾਇਆ। ਭਾਰਤ ਲਈ, ਅਰਸ਼ਦੀਪ ਸਿੰਘ, ਪੀ ਬੀ ਸੁਨੀਲ, ਅਰਾਇਜੀਤ ਸਿੰਘ ਹੁੰਦਲ ਅਤੇ ਰੋਸ਼ਨ ਕੁਜੁਰ ਨੇ ਇੱਕ-ਇੱਕ ਗੋਲ ਕੀਤਾ। ਭਾਰਤੀ ਟੀਮ ਨੇ ਕੱਲ੍ਹ ਆਪਣੀ ਮੁਹਿੰਮ ਦੀ ਸ਼ੁਰੂਆਤ ਮੌਜੂਦਾ ਚੈਂਪੀਅਨ ਬਰਤਾਨੀਆ 'ਤੇ 3-2 ਦੀ ਜਿੱਤ ਨਾਲ ਕੀਤੀ। ਭਾਰਤ ਦਾ ਅਗਲਾ ਮੁਕਾਬਲਾ ਮੰਗਲਵਾਰ ਨੂੰ ਕੱਟੜ ਵਿਰੋਧੀ ਪਾਕਿਸਤਾਨ ਨਾਲ ਹੋਵੇਗਾ।

---------------------------------------------------------

- ਅਫ਼ਗਾਨ ਤਾਲਿਬਾਨ ਨੇ ਸਰਹੱਦ ਪਾਰ ਹਮਲਿਆਂ ਦੀ ਜ਼ਿੰਮੇਵਾਰੀ ਲਈ ਏ ਜਿਹਨਾਂ ਵਿੱਚ 58 ਪਾਕਿਸਤਾਨੀ ਫੌਜੀ ਮਾਰੇ ਗਏ ਸਨ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਨੂੰ ਦੇਸ਼ ਅਤੇ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਬਰਾਬਰ ਦੇ ਭਾਈਵਾਲ ਬਣਾਉਣ ਲਈ ਓਹਨਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਾਉਣ ਦੀ ਲੋੜ ‘ਤੇ ਜੋਰ ਦਿੱਤਾ ਏ.
- ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਰਾਜ ਪੱਧਰੀ ਸਮਾਗਮ ਦੌਰਾਨ ਪਲਸ ਪੋਲੀਓ ਰਾਊਂਡ ਦਾ ਆਗਾਜ਼ .
- ਅੱਜ ਵਿਸ਼ਵ ਗਠੀਆ ਦਿਵਸ ਏ । ਇਹ ਦਿਨ ਗਠੀਆ ਰੋਗ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ.
- ਮਰਦਾਂ ਦੇ ਜੂਨੀਅਰ ਸੁਲਤਾਨ ਜੋਹੋਰ ਕੱਪ ਹਾਕੀ 2025 ਵਿੱਚ, ਭਾਰਤ ਨੇ ਅੱਜ ਨਿਊਜ਼ੀਲੈਂਡ ਨੂੰ 4-2 ਨਾਲ ਹਰਾਇਆ।

**ਇਸਦੇ ਨਾਲ ਹੀ ਪ੍ਰਾਦੇਸ਼ਿਕ**

**ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ**

**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**